# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 11-02-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿਲੀ ਵਿਚ ਵਰਚੁਅਲ ਮਾਧਿਅਮ ਰਾਹੀਂ, ਭਾਰਤ ਊਰਜਾ ਹਫਤੇ 2025 ਦਾ ਉਦਘਾਟਨ ਕੀਤਾ- ਕਿਹਾ ਭਾਰਤ ਗੈਰ-ਜੈਵਿਕ ਈਂਧਣ ਊਰਜਾ ਸਮਰੱਥਾ ਵਿੱਚ, ਪੈਰਿਸ ਸਮਝੌਤੇ ਦੇ ਟੀਚਿਆਂ ਨੂੰ ਪੂਰਾ ਕਰਨ ਵਾਲਾ ਪਹਿਲਾ ਜੀ-20 ਦੇਸ਼ ਏ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਐਡਵੋਕੇਟ ਹਰਪ੍ਰੀਤ ਸੰਧੂ ਅਤੇ ਪੂਜਾ ਗੁਪਤਾ ਨੂੰ ਰਾਜ ਸੂਚਨਾ ਕਮਿਸ਼ਨਰ ਵਜੋਂ ਸਹੁੰ ਚੁਕਾਈ।
- ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਸੂਬਾ ਪੱਧਰੀ ਸਮਾਗਮ ਭਲਕੇ ਜਲੰਧਰ 'ਚ -ਇਸੇ ਸਿਲਸਿਲੇ ਵਿਚ ਅੱਜ ਸ਼ੋਭਾ ਯਾਤਰਾ ਵੀ ਕੱਢੀ ਗਈ ।

- ਅੱਜ ਪੰਜਾਬ ਭਰ ਵਿੱਚ, ਸੁਰੱਖਿਅਤ ਇੰਟਰਨੈੱਟ ਦਿਵਸ ਮਨਾਇਆ ਗਿਆ-ਲੋਕਾਂ ਨੂੰ ਸੁਰੱਖਿਅਤ ਤਰੀਕੇ ਨਾਲ ਇੰਟਰਨੇਟ ਦੀ ਵਰਤੋਂ ਕਰਨ ਲਈ ਕੀਤਾ ਗਿਆ ਜਾਗਰੂਕ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਪਿਛਲੇ ਦਹਾਕੇ ਵਿੱਚ, 10ਵੇਂ ਸਥਾਨ ਤੋਂ ਵਧਕੇ 5ਵੀਂ ਸਭ ਤੋਂ ਵੱਡੀ ਅਰਥ-ਵਿਵਸਥਾ ਬਣ ਗਿਆ ਏ । ਪ੍ਰਧਾਨ ਮੰਤਰੀ ਨੇ ਇਹ ਗੱਲ ਅੱਜ ਭਾਰਤ ਊਰਜਾ ਹਫਤੇ ਇੰਡੀਆ 2025 ਦਾ ਵਰਚੁਅਲੀ ਉਦਘਾਟਨ ਕਰਦੇ ਹੋਏ ਕਹੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਭਾਰਤ ਦੀ ਸੂਰਜੀ ਊਰਜਾ ਉਤਪਾਦਨ ਸਮਰੱਥਾ 32 ਗੁਣਾ ਵਧੀ ਏ , ਜਿਸ ਨਾਲ ਇਹ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਸੂਰਜੀ ਊਰਜਾ ਉਤਪਾਦਕ ਬਣ ਗਿਆ ਏ । ਉਨ੍ਹਾਂ ਕਿਹਾ ਕਿ ਭਾਰਤ, ਪੈਰਿਸ ਸਮਝੌਤੇ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਵਾਲਾ ਪਹਿਲਾ ਜੀ-20 ਦੇਸ਼ ਏ ।

**BYTE**

ਪ੍ਰਧਾਨ ਮੰਤਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਨਾ ਸਿਰਫ

ਆਪਣੀ ਤਰੱਕੀ ਵਿੱਚ ਬਲਕਿ ਵਿਸ਼ਵ ਦੀ ਤਰੱਕੀ ਵਿੱਚ ਵੀ ਯੋਗਦਾਨ ਪਾ ਰਿਹਾ ਏ। ਉਨ੍ਹਾਂ ਕਿਹਾ ਕਿ ਦੇਸ਼ ਦਾ ਊਰਜਾ ਖੇਤਰ, ਇਸ ਪ੍ਰਾਪਤੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਅੱਜ ਭਾਰਤ ਦਾ ਜੈਵ ਈਂਧਣ  ਉਦਯੋਗ ਤੇਜ਼ੀ ਨਾਲ ਵਧਣ ਲਈ ਤਿਆਰ ਏ।

BYTE

ਈਥੇਨੌਲ ਮਿਸ਼ਰਣ ਦਾ ਜ਼ਿਕਰ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਦੇਸ਼ ਇਸ ਵੇਲੇ 19 ਫੀਸਦੀ  ਈਥੇਨੌਲ ਦਾ ਮਿਸ਼ਰਣ ਕਰ ਰਿਹਾ ਏ , ਜਿਸ ਨਾਲ ਬਹੁਤ ਜ਼ਿਆਦਾ ਵਿਦੇਸ਼ੀ ਮੁਦਰਾ ਬਚਾਉਣ ਵਿੱਚ ਮਦਦ ਮਿਲੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਅਕਤੂਬਰ 2025 ਤੋਂ ਪਹਿਲਾਂ 20 ਫੀਸਦੀ  ਈਥੇਨੌਲ ਮਿਸ਼ਰਣ ਦਾ ਟੀਚਾ ਪ੍ਰਾਪਤ ਕਰ ਲਵੇਗਾ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰਿਆਂ ਨੂੰ 'ਪਰੀਕਸ਼ਾ ਪੇ ਚਰਚਾ 2025' ਦੇ ਸਾਰੇ ਐਪੀਸੋਡ ਦੇਖਣ ਅਤੇ ਪ੍ਰੀਖਿਆ ਦੇਣ ਵਾਲਿਆਂ ਨੂੰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ ਏ।ਐਕਸ 'ਤੇ ਇੱਕ ਪੋਸਟ ਸਾਂਝੀ ਕਰਦਿਆਂ ਪ੍ਰਧਾਨ ਮੰਤਰੀ ਨੇ ਲਿਖਿਆ ਏ ਕਿ ਇਸ ਸਾਲ, ਪਰੀਕਸ਼ਾ ਪੇ

ਚਰਚਾ ਵਿੱਚ 8 ਐਪੀਸੋਡ ਨੇ, ਜੋ ਹਰ ਇੱਕ ਪ੍ਰੀਖਿਆ ਦੇ ਵੱਖ-ਵੱਖ ਪਹਿਲੂਆਂ ਨੂੰ ਕਵਰ ਕਰਦੇ ਨੇ ।ਇਸ ਲਈ ਸਾਰੇ ਐਪੀਸੋਡ ਦੇਖੋ ਅਤੇ ਸਾਡੇ ExamWarriors ਨੂੰ ਉਤਸ਼ਾਹਿਤ ਕਰੋ ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਮਾਨਸਿਕ ਸਿਹਤ ਅਤੇ ਤੰਦਰੁਸਤੀ, ਸਭ ਤੋਂ ਆਮ ਵਿਸ਼ਿਆਂ ਵਿੱਚੋਂ ਇੱਕ ਏ, ਜਿਸ ਬਾਰੇ ਪ੍ਰੀਖਿਆ ਯੋਧੇ ਚਰਚਾ ਕਰਨਾ ਚਾਹੁੰਦੇ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ਼੍ਰੀ ਮੋਦੀ ਨੇ ਕਿਹਾ ਕਿ ਇਸ ਸਾਲ ਦੇ ਪਰੀਕਸ਼ਾ ਪੇ ਚਰਚਾ ਦਾ ਇੱਕ ਐਪੀਸੋਡ ਵਿਸ਼ੇਸ਼ ਤੌਰ 'ਤੇ ਇਸ ਵਿਸ਼ੇ ਨੂੰ ਸਮਰਪਿਤ ਏ । ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ ਅਦਾਕਾਰਾ ਦੀਪਿਕਾ ਪਾਦੂਕੋਣ ਇਸ ਐਪੀਸੋਡ ਵਿਚ, ਮਾਨਸਿਕ ਸਿਹਤ ਬਾਰੇ ਗੱਲ ਕਰਨਗੇ ।

--------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਰਾਜ ਭਵਨ ਵਿਖੇ ਐਡਵੋਕੇਟ ਹਰਪ੍ਰੀਤ ਸੰਧੂ ਅਤੇ ਸ੍ਰੀਮਤੀ ਪੂਜਾ ਗੁਪਤਾ ਨੂੰ ਪੰਜਾਬ ਰਾਜ ਸੂਚਨਾ ਅਧਿਕਾਰ ਕਮਿਸ਼ਨ ਦੇ ਰਾਜ ਸੂਚਨਾ ਕਮਿਸ਼ਨਰਾਂ ਵਜੋਂ ਸਹੁੰ ਚੁਕਾਈ।

ਸਹੁੰ ਚੁੱਕ ਸਮਾਗਮ ਦਾ ਸੰਚਾਲਨ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਕੀਤਾ। ਸਮਾਗਮ ਵਿੱਚ ਪੰਜਾਬ ਦੇ ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਧੰਨਾ, ਰਾਜ ਸੂਚਨਾ ਕਮਿਸ਼ਨਰ ਡਾ. ਭੁਪਿੰਦਰ ਸਿੰਘ, ਸਮੇਤ ਹੋਰ ਸੀਨੀਅਰ ਅਧਿਕਾਰੀਆਂ ਨੇ ਸ਼ਿਰਕਤ ਕੀਤੀ। ਐਡਵੋਕੇਟ ਹਰਪ੍ਰੀਤ ਸੰਧੂ ਇੱਕ ਉੱਘੇ ਵਕੀਲ ਨੇ। ਇਸ ਤੋਂ ਪਹਿਲਾਂ ਉਹ ਪੰਜਾਬ ਦੇ ਵਧੀਕ ਐਡਵੋਕੇਟ ਜਨਰਲ ਵਜੋਂ ਸੇਵਾ ਨਿਭਾ ਚੁੱਕੇ ਨੇ। ਪੂਜਾ ਗੁਪਤਾ ਇੱਕ ਉਘੇ ਸਮਾਜ ਸੇਵਿਕਾ ਅਤੇ ਸਿੱਖਿਆ ਸ਼ਾਸਤਰੀ ਨੇ। ਜ਼ਿਕਰਯੋਗ ਏ ਕਿ ਪੰਜਾਬ ਸਰਕਾਰ ਵੱਲੋਂ 27 ਜਨਵਰੀ, 2025 ਨੂੰ ਐਡਵੋਕੇਟ ਹਰਪ੍ਰੀਤ ਸੰਧੂ ਅਤੇ ਸ੍ਰੀਮਤੀ ਪੂਜਾ ਗੁਪਤਾ ਦੀ ਨਿਯੁਕਤੀ ਨੂੰ ਅਧਿਕਾਰਤ ਤੌਰ 'ਤੇ ਨੋਟੀਫਾਈ ਕੀਤਾ ਗਿਆ ਸੀ। ਉਨ੍ਹਾਂ ਦੀਆਂ ਨਿਯੁਕਤੀਆਂ ਰਾਜ ਸੂਚਨਾ ਅਧਿਕਾਰ ਕਮਿਸ਼ਨ ਦੇ ਕੰਮਕਾਜ ਵਿੱਚ ਹੋਰ ਪਾਰਦਰਸ਼ਤਾ ਲਿਆਉਣ ਅਤੇ ਇਸ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

-----------------------------------------

ਸਰਕਾਰ ਨੇ ਕਿਹਾ ਏ ਕਿ ਪਿੰਡਾਂ ਦੇ ਸਰਵੇਖਣ ਅਤੇ ਪੇਂਡੂ ਖੇਤਰਾਂ ਵਿੱਚ ਉੱਨਤ ਤਕਨੋਲੋਜੀ ਨਾਲ ਮੈਪਿੰਗ -ਸਵਾਮਿਤਵ ਯੋਜਨਾ ਤਹਿਤ ਹੁਣ ਤੱਕ ਇੱਕ ਲੱਖ 60 ਹਜ਼ਾਰ ਪਿੰਡਾਂ ਵਿੱਚ ਦੋ ਕਰੋੜ 35 ਲੱਖ ਤੋਂ ਵੱਧ ਸੰਪਤੀ ਕਾਰਡ ਵੰਡੇ ਜਾ ਚੁੱਕੇ ਨੇ। ਪੰਚਾਇਤੀ ਰਾਜ ਮੰਤਰਾਲੇ ਵਿੱਚ ਰਾਜ ਮੰਤਰੀ ਸ. ਪੀ. ਸਿੰਘ ਬਘੇਲ ਨੇ ਅੱਜ

ਲੋਕ ਸਭਾ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੁਦ 18 ਜਨਵਰੀ ਨੂੰ ਵੱਖ-ਵੱਖ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 52 ਹਜ਼ਾਰ ਪਿੰਡਾਂ ਵਿੱਚ, 65 ਲੱਖ ਕਾਰਡਾਂ ਦੀ ਈ-ਵੰਡ ਦੀ ਨਿਗਰਾਨੀ ਕੀਤੀ ਏ। ਉਨ੍ਹਾਂ ਕਿਹਾ ਕਿ ਲਗਭਗ ਤਿੰਨ ਲੱਖ 18 ਹਜ਼ਾਰ ਪਿੰਡਾਂ ਦਾ ਡਰੋਨ ਸਰਵੇਖਣ ਪੂਰਾ ਹੋ ਚੁੱਕਾ ਏ।

---------------------------------------------------------

ਜਲੰਧਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਲੋਕਾਂ ਨੂੰ ਸਮਾਜ ਵਿੱਚ ਆਪਸੀ ਭਾਈਚਾਰੇ ਦੀ ਮਜ਼ਬੂਤੀ ਅਤੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਰਸਾਏ ਮਾਰਗ ’ਤੇ ਚੱਲਣ ਦਾ ਸੱਦਾ ਦਿੱਤਾ। ਅੱਜ ਜਲੰਧਰ ਸਥਿਤ ਬੂਟਾ ਮੰਡੀ ਸਤਿਗੁਰੂ ਰਵਿਦਾਸ ਧਾਮ ਵਿਖੇ, ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕਰਦਿਆਂ, ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਆਧੁਨਿਕ ਸਮੇਂ ਵਿੱਚ ਵੀ ਪੂਰੀ ਤਰ੍ਹਾਂ ਸਾਰਥਕ ਨੇ ਅਤੇ ਇਨ੍ਹਾਂ ’ਤੇ ਚੱਲ ਕੇ ਬਰਾਬਰੀ ਦੇ ਆਦਰਸ਼ਾਂ ’ਤੇ ਆਧਾਰਿਤ ਖੁਸ਼ਹਾਲੀ, ਸ਼ਾਂਤੀ, ਭਾਈਚਾਰੇ ਅਤੇ ਸਦਭਾਵਨਾ ਨਾਲ ਭਰਪੂਰ ਸਮਾਜ ਦਾ ਨਿਰਮਾਣ ਕੀਤਾ ਜਾ ਸਕਦਾ ਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 12 ਫਰਵਰੀ ਨੂੰ ਪ੍ਰਕਾਸ਼ ਪੁਰਬ ’ਤੇ ਸੂਬਾ

ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਏ, ਜੋ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਵਿੱਚ ਪੰਜਾਬ ਸਰਕਾਰ ਦੇ ਅਟੁੱਟ ਵਿਸ਼ਵਾਸ ਨੂੰ ਦਰਸਾਉਂਦਾ ਏ । ਇਸ ਮੌਕੇ ਉਨ੍ਹਾਂ ਪ੍ਰਕਾਸ਼ ਪੁਰਬ ਨੂੰ ਸੁਚੱਜੇ ਅਤੇ ਸ਼ਾਨਦਾਰ ਢੰਗ ਨਾਲ ਮਨਾਉਣ ਦੀ ਪ੍ਰਸ਼ਾਸਨ ਦੀ ਵਚਨਬੱਧਤਾ ਦਹੁਰਾਉਂਦਿਆਂ ਲੋਕਾਂ ਨੂੰ ਪ੍ਰਕਾਸ਼ ਉਤਸਵ ਦੀ ਵਧਾਈ ਵੀ ਦਿੱਤੀ।

---------------------------------------------------------------

ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਵਸ ਦੀਆਂ ਸਮੂਹ ਪੰਜਾਬੀਆਂ ਨੂੰ ਮੁਬਾਰਕਾਂ ਦਿੱਤੀਆਂ ਨੇ । ਚੰਡੀਗੜ੍ਹ ਵਿਚ ਜਾਰੀ ਆਪਣੇ ਸੁਨੇਹੇ ਵਿਚ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਪਿਆਰ, ਹਮਦਰਦੀ ਅਤੇ ਬਰਾਬਰੀ ਦਾ ਦਿੱਤਾ ਸੰਦੇਸ਼, ਸਾਨੂੰ ਆਉਣ ਵਾਲੇ ਸਮੇਂ ਵਿਚ ਵੀ ਮਨੁੱਖਤਾ ਦੀ ਸੇਵਾ ਲਈ ਪ੍ਰੇਰਿਤ ਕਰਦਾ ਰਹੇਗਾ। ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਮਨੁੱਖੀ ਕਦਰਾਂ-ਕੀਮਤਾਂ ਨੂੰ ਬਣਾਏ ਰੱਖਣ ਦੀ ਭਾਵਨਾ ਨੂੰ ਉਭਾਰਿਆ ਅਤੇ ਉਹ ਸਮੁੱਚੇ ਸਮਾਜ ਲਈ ਅੱਜ ਵੀ ਗਿਆਨ ਦਾ ਸਰੋਤ ਬਣੇ ਹੋਏ ਹਨ।

ਮੰਤਰੀ ਨੇ ਕਿਹਾ ਕਿ ਭਗਤ ਰਵਿਦਾਸ ਜੀ ਦੀ ਜ਼ਿੰਦਗੀ ਅਤੇ ਸਿੱਖਿਆਵਾਂ ਸਾਨੂੰ ਹਮੇਸ਼ਾ ਅਜਿਹਾ ਸਮਾਜ ਸਿਰਜਣ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ, ਜੋ ਕਿ ਜਾਤ-ਪਾਤ ਰਹਿਤ ਹੋਵੇ ਅਤੇ ਜਿੱਥੇ ਸਭ ਨੂੰ ਬਣਦਾ ਮਾਣ-ਸਨਮਾਨ ਮਿਲੇ।

---------------------------------------------------------------------

ਸਰਕਾਰੀ ਅਧਿਕਾਰੀਆਂ ਨੂੰ ਸਾਈਬਰ ਧੋਖਾਧੜੀ ਅਤੇ ਇਹਨਾਂ ਨਾਲ ਨਜਿੱਠਣ ਲਈ ਰੋਕਥਾਮ ਉਪਾਵਾਂ ਬਾਰੇ ਜਾਗਰੂਕ ਕਰਨ ਲਈ ਅੱਜ ਜਲੰਧਰ ਐਨ.ਆਈ.ਸੀ ਵਿਖੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਸੀਨੀਅਰ ਡਾਇਰੈਕਟਰ -ਆਈ.ਟੀ. ਰਣਜੀਤ ਸਿੰਘ ਨੇ ਆਪਣੀ ਟੀਮ ਨਾਲ ਸੁਰੱਖਿਅਤ ਇੰਟਰਨੈੱਟ ਦਿਵਸ 'ਤੇ ਸੈਸ਼ਨ ਦਿੱਤਾ ਜਿੱਥੇ ਵੱਖ-ਵੱਖ ਵਿਭਾਗਾਂ ਦੇ ਕਈ ਸਰਕਾਰੀ ਕਰਮਚਾਰੀ ਮੌਜੂਦ ਰਹੇ। ਸਰਕਾਰੀ ਦਫ਼ਤਰਾਂ ਵਿੱਚ ਇੱਕ ਸੁਰੱਖਿਅਤ ਕੰਮ ਕਰਨ ਦਾ ਮਾਹੌਲ ਬਣਾਉਣ ਲਈ, ਸਾਰੇ ਕਰਮਚਾਰੀਆਂ ਨਾਲ ਵਧੀਆ ਅਭਿਆਸਾਂ ਬਾਰੇ ਚਰਚਾ ਕੀਤੀ ਗਈ। ਇਸ ਬਾਰੇ ਜਾਣਕਾਰੀ ਦੀਦਿਆਂ ਸੀਨੀਅਰ ਡਾਇਰੈਕਟਰ ਰਣਜੀਤ ਸਿੰਘ ਨੇ ਦਸਿਆ।

**BYTE**

ਜ਼ਿਕਰਯੋਗ ਏ ਕਿ ਸੁਰੱਖਿਅਤ ਇੰਟਰਨੈੱਟ ਦਿਵਸ ਫਰਵਰੀ ਮਹੀਨੇ ਦੇ ਦੂਜੇ ਮੰਗਲਵਾਰ ਨੂੰ ਵਿਸ਼ਵ ਭਰ ਖਾਸ ਤੌਰ 'ਤੇ ਬੱਚਿਆਂ, ਔਰਤਾਂ, ਨੌਜਵਾਨਾਂ ਅਤੇ ਸਰਕਾਰੀ ਅਫਸਰਾਂ, ਅਧਿਕਾਰੀਆਂ ਵਿੱਚ ਜਾਗਰੂਕਤਾ ਪੈਦਾ ਕਰਨ, ਇੰਟਰਨੈੱਟ ਦੀ ਸੁਰੱਖਿਅਤ ਅਤੇ ਜ਼ਿੰਮੇਵਾਰ ਵਰਤੋਂ ਨੂੰ ਉਤਸ਼ਾਹਿਤ ਕਰਨ  ਲਈ ਮਨਾਇਆ ਜਾਂਦਾ ਏ। ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲਾ NIC ਦੇ ਸਹਿਯੋਗ ਨਾਲ  ਦੇਸ਼ ਵਿਆਪੀ ਜਾਗਰੂਕਤਾ ਮੁਹਿੰਮ ਮਨਾ ਰਿਹਾ ਏ। ਓਧਰ  ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੀ ਇਸ ਬਾਰੇ ਵਰਕਸ਼ਾਪ ਕਾਰਵਾਈ ਗਈ। ਇਸ ਮੌਕੇ ਵੱਖ-ਵੱਖ ਬਰਾਂਚਾਂ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਐਨ.ਆਈ.ਸੀ. ਦੇ ਸਟਾਫ ਨੇ ਹਿੱਸਾ ਲਿਆ।  ਜ਼ਿਲ੍ਹਾ ਸੂਚਨਾ ਅਤੇ ਵਿਗਿਆਨ ਅਫਸਰ ਸਮੀਰ ਨੇ ਕਿਹਾ ਕਿ ਅੱਜ ਦੇ ਡਿਜਿਟਲ ਯੁੱਗ 'ਚ ਜਿੱਥੇ ਮੋਬਾਈਲ ਫੋਨ ਇੱਕ ਲੋੜ ਬਣ ਚੁੱਕੀ ਏ , ਉੱਥੇ ਇਹ ਵੀ ਜ਼ਰੂਰੀ ਹੈ ਕਿ ਅਸੀਂ ਇਸ ਦੀ ਵਰਤੋਂ ਸਮਝਦਾਰੀ ਅਤੇ ਸੰਜਮ ਨਾਲ ਕਰੀਏ। ਉਨ੍ਹਾਂ ਕਿਹਾ ਕਿ ਕਿਸੇ ਵੀ ਕਿਸਮ ਦੇ ਸ਼ੱਕੀ ਲਿੰਕ ਉੱਤੇ ਕਲਿਕ ਨਹੀਂ ਕਰਨਾ

ਚਾਹੀਦਾ ਅਤੇ ਕਿਸੇ ਵੀ ਮੋਬਾਈਲ ਐਪ ਨੂੰ ਇੰਸਟਾਲ ਕਰਦੇ ਸਮੇਂ ਬੇਲੋੜੀਆਂ ਪਰਮਿਸ਼ਨਾਂ ਦੀ ਆਗਿਆ ਨਾ ਦਿੱਤੀ ਜਾਵੇ। ਕਿਸੇ ਵੀ ਮਾਧਿਅਮ ਰਾਹੀਂ ਅਣਜਾਣ ਨੰਬਰਾਂ ਤੋਂ ਪ੍ਰਾਪਤ ਹੋਣ ਵਾਲੀ ਫਾਈਲ ਨੂੰ ਇੰਸਟਾਲ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਆਪਣੀ ਸੰਵੇਦਨਸ਼ੀਲ ਜਾਣਕਾਰੀ ਜਿਵੇਂ ਕਿ ਓ.ਟੀ.ਪੀ., ਆਧਾਰ, ਪੈਨ ਜਾਂ ਬੈਂਕ ਖਾਤਿਆਂ ਦੇ ਵੇਰਵੇ ਕਿਸੇ ਅਣਜਾਣ ਨੰਬਰਾਂ ਉੱਤੇ ਬਿਲਕੁਲ ਵੀ ਸਾਂਝੇ ਨਾ ਕਰੇ।

-----------------------------------------------------------

ਕੇਂਦਰ ਸਰਕਾਰ ਵਲੋਂ ਪ੍ਰਧਾਨ ਮੰਤਰੀ ਆਵਾਸ ਯੋਜਨਾ (ਸ਼ਹਿਰੀ) ਦਾ ਦੂਸਰਾ ਗੇੜ ਸ਼ੁਰੂ ਕਰ ਦਿੱਤਾ ਗਿਆ ਏ। ਹੁਸ਼ਿਆਰਪੁਰ ਦੇ ਕਮਿਸ਼ਨਰ ਨਗਰ ਨਿਗਮ ਡਾ. ਅਮਨਦੀਪ ਕੌਰ ਨੇ ਦੱਸਿਆ ਕਿ ਇਸ ਯੋਜਨਾ ਦਾ ਮੰਤਵ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਉਨ੍ਹਾਂ ਪਰਿਵਾਰਾਂ ਨੂੰ ਪੱਕਾ ਮਕਾਨ ਉਪਲਬੱਧ ਕਰਵਾਉਣ ਏ ਜਿਨ੍ਹਾਂ ਕੋਲ ਹੁਣ ਤੱਕ ਖੁਦ ਦਾ ਪੱਕਾ ਘਰ ਨਹੀਂ ਏ ਜਾਂ ਜੋ ਕੱਚੇ ਮਕਾਨਾਂ ਵਿਚ ਰਹਿ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਯੋਗ ਪਰਿਵਾਰਾਂ ਨੂੰ, ਉਨ੍ਹਾਂ ਦੇ ਆਪਣੀ

ਜ਼ਮੀਨ ’ਤੇ ਨਵਾਂ ਪੱਕਾ ਮਕਾਨ ਬਣਾਉਣ ਲਈ ਢਾਈ  ਲੱਖ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਇਸ ਵਿਚੋਂ ਡੇਢ  ਲੱਖ ਰੁਪਏ ਕੇਂਦਰ ਸਰਕਾਰ ਵਲੋਂ ਅਤੇ ਇਕ ਲੱਖ ਰੁਪਏ ਸੂਬਾ ਸਰਕਾਰ ਵਲੋਂ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਹੁਸ਼ਿਆਰਪੁਰ ਨਗਰ ਨਿਗਮ ਦੀ ਹੱਦ ਅੰਦਰ ਆਉਣ ਵਾਲੇ ਯੋਗ ਲਾਭਪਾਤਰੀ ਨਗਰ ਨਿਗਮ ਦਫ਼ਤਰ ਵਿਚ ਜ਼ਰੂਰੀ ਦਸਤਾਵੇਜਾਂ ਨਾਲ ਅਰਜ਼ੀ ਦੇ ਸਕਦੇ ਹਨ।

---------------------------------------------------

ਪੰਜਾਬ ਪੁਲਿਸ ਵਲੋਂ ਗਠਿਤ ਵਿਸ਼ੇਸ਼ ਜਾਂਚ ਟੀਮ ਨੇ ਬਹੁ-ਰਾਸ਼ਟਰੀ ਮਨੁੱਖੀ ਤਸਕਰੀ ਨੈਟਵਰਕ ਨੂੰ ਖ਼ਤਮ ਕਰਨ ਲਈ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ' 1 ਏ। ਪੀੜਤਾਂ ਦੀਆਂ ਸ਼ਿਕਾਇਤਾਂ 'ਤੇ ਕਾਰਵਾਈ ਡੇ  ਕਰਦਿਆਂ ਪੰਜਾਬ ਪੁਲਿਸ ਨੇ ਡਿਪੋਰਟ ਕੀਤੇ ਗਏ ਵਿਅਤੀਆਂ ਦੇ ਬਿਆਨਾਂ ਦੇ ਆਧਾਰ 'ਤੇ ਟੈਵਲ ਏਜੰਟਾਂ ਵਿਰੁੱਧ ਕੁੱਲ 8 ਮਾਮਲੇ ਦਰਜ ਕੀਤੇ ਨੇ। ਡੀ.ਜੀ.ਪੀ. ਗੌਰਵ ਯਾਦਵ ਨੇ ਕਿਹਾ ਏ ਕਿ ਐਸ. ਆਈ. ਟੀ. ਗੈਰ-ਕਾਨੂੰਨੀ ਮਨੁੱਖੀ ਤਸਕਰੀ ਲਈ ਜ਼ਿੰਮੇਵਾਰ ਲੋਕਾਂ ਵਿਰੁੱਧ/ਖਤ

ਜਵਾਬਦੇਹੀ ਤੈਅ ਕਰਨ ਅਤੇ ਬਣਦੀ ਕਾਨੂੰਨੀ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ ।

---------------------------------------------------------------

ਤਰਨ ਤਾਰਨ ਦੇ ਥਾਣਾ ਭਿੱਖੀਵਿੰਡ ਦੀ ਪੁਲਿਸ ਨੇ ਨਕਲੀ 115 ਅਧਿਕਾਰੀ ਬਣ ਕੇ ਘੁਮ ਰਹੀ ਇਕ ਔਰਤ ਨੂੰ ਗ੍ਰਿਫ਼ਤਾਰ ਕੀਤਾ ਏ । ਥਾਣਾ ਭਿੱਖੀਵਿੰਡ ਦੇ ਮੁਖੀ ਨੇ ਦੱਸਿਆ ਕਿ ਔਰਤ ਦੀ ਪਛਾਣ ਸਿਮਰਜੀਤ ਕੌਰ ਵਜੋਂ ਹੋਈ ਏ ਤੇ ਉਸ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਏ । ਮਾਮਲੇ ਦੀ ਜਾਂਚ ਕਰ ਰਹੇ ਏ. ਐਸ. ਆਈ. ਪ੍ਰਤਾਪ ਸਿੰਘ ਨੇ ਦੱਸਿਆ ਕਿ ਸਿਮਰਜੀਤ ਕੌਰ ਤੋਂ ਹੋਰ ਪੁੱਛਗਿੱਛ ਕੀਤੀ ਜਾ ਰਹੀ ਏ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿਲੀ ਵਿਚ ਵਰਚੁਅਲ ਮਾਧਿਅਮ ਰਾਹੀਂ, ਭਾਰਤ ਊਰਜਾ ਹਫਤੇ 2025 ਦਾ ਉਦਘਾਟਨ ਕੀਤਾ- ਕਿਹਾ ਭਾਰਤ ਗੈਰ-ਜੈਵਿਕ ਈਂਧਣ ਊਰਜਾ ਸਮਰੱਥਾ ਵਿੱਚ, ਪੈਰਿਸ ਸਮਝੌਤੇ ਦੇ ਟੀਚਿਆਂ ਨੂੰ ਪੂਰਾ ਕਰਨ ਵਾਲਾ ਪਹਿਲਾ ਜੀ-20 ਦੇਸ਼ ਏ ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਐਡਵੋਕੇਟ ਹਰਪ੍ਰੀਤ ਸੰਧੂ ਅਤੇ ਪੂਜਾ ਗੁਪਤਾ ਨੂੰ ਰਾਜ ਸੂਚਨਾ ਕਮਿਸ਼ਨਰ ਵਜੋਂ ਸਹੁੰ ਚੁਕਾਈ।
- ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਸੂਬਾ ਪੱਧਰੀ ਸਮਾਗਮ ਭਲਕੇ ਜਲੰਧਰ 'ਚ -ਇਸੇ ਸਿਲਸਿਲੇ ਵਿਚ ਅੱਜ ਸ਼ੋਭਾ ਯਾਤਰਾ ਵੀ ਕੱਢੀ ਗਈ ।
- ਅੱਜ ਪੰਜਾਬ ਭਰ ਵਿੱਚ, ਸੁਰੱਖਿਅਤ ਇੰਟਰਨੈੱਟ ਦਿਵਸ ਮਨਾਇਆ ਗਿਆ-ਲੋਕਾਂ ਨੂੰ ਸੁਰੱਖਿਅਤ ਤਰੀਕੇ ਨਾਲ ਇੰਟਰਨੇਟ ਦੀ ਵਰਤੋਂ ਕਰਨ ਲਈ ਕੀਤਾ ਗਿਆ ਜਾਗਰੂਕ।